ਦਫ਼ਤਰ ਡਾਇਰੈਕਟਰ ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼ 8, ਐਸ.ਏ.ਐਸ.ਨਗਰ, ਮੁਹਾਲੀ
ਫੋਨ ਨੰ: 0172-2212221, ਫੈਕਸ ਨੰ: 0172-2212793

ਹੁਕਮ ਨੰ 9/113-2012 ਡੀ (3) /917
ਮਿਤੀ: ਐਸ.ਏ.ਐਸ.ਨਗਰ 07-07-2015

ਦਸਮੇਸ਼ ਇੰਸਟੀਚਿਊਟ ਆਫ ਐਜੂਕੇਸ਼ਨ, ਪਲਾਟ ਨੰ: 127/1, 127/2, ਪਿੰਡ ਨੰਗਲ ਕਲਾਂ ਜ਼ਿਲ੍ਹਾ ਮਾਨਸਾ, ਨੂੰ ਐਨ.ਸੀ.ਟੀ.ਈ. ਜੈਪੁਰ ਦੇ ਪੱਤਰ ਨੰ: NRC/NCTE/NRCAPP-1578/206th meeting/2012/33252 ਮਿਤੀ 29-10-2012 ਰਾਹੀਂ ਡੀ.ਐਲ.ਐਡ.(ਈ.ਟੀ.ਟੀ.) ਕੋਰਸ ਦੀ ਰੈਕੋਗਨਾਈਜੇਸ਼ਨ ਦਿੱਤੀ ਗਈ ਹੈ। ਇਸ ਸੰਸਥਾ ਨੂੰ ਦੋ ਸਾਲਾ ਡੀ.ਐਲ.ਐਡ.(ਈ.ਟੀ.ਟੀ.) ਕੋਰਸ ਇਕ ਯੂਨਿਟ 50 (ਪੰਜਾਹ) ਸੀਟਾਂ ਚਲਾਉਣ ਲਈ ਹੇਠ ਲਿਖੀਆਂ ਸ਼ਰਤਾਂ ਤੇ ਪ੍ਰੋਵੀਜਨਲ ਐਫਲੀਏਸ਼ਨ ਸਰਕਾਰ ਦੀ ਪ੍ਰਵਾਨਗੀ ਨਾਲ ਦਿੱਤੀ ਜਾਂਦੀ ਹੈ:

ਸ਼ਰਤਾਂ:

1. ਕਾਲਜ ਦੀ ਪ੍ਰਬੰਧਕ ਕਮੇਟੀ ਐਨ.ਸੀ.ਟੀ.ਈ. ਦੇ ਨਾਰਮ ਅਨੁਸਾਰ ਨਿਰਧਾਰਤ ਸਟਾਫ ਹਰ ਸਮੇਂ ਪੂਰਾ ਰੱਖਣਾ ਯਕੀਨੀ ਬਣਾਏਗੀ। ਸਟਾਫ ਦੀ ਯੋਗਤਾ ਐਨ.ਸੀ.ਟੀ.ਈ. ਦੇ ਨਾਰਮ ਅਤੇ ਪੰਜਾਬ ਸਰਕਾਰ ਦੇ ਰੂਲਾਂ ਅਨੁਸਾਰ ਹੋਵੇਗੀ। ਸਟਾਫ ਦੀ ਨਿਯੁਕਤੀ ਸਮੇਂ ਐਸ.ਸੀ.ਈ.ਆਰ.ਟੀ. ਪੰਜਾਬ ਦਾ ਨੁਮਾਇੰਦਾ ਹੋਣਾ ਜ਼ਰੂਰੀ ਹੈ। ਕਰਮਚਾਰੀ ਵੱਲੋਂ ਨੌਕਰੀ ਛੱਡਣ ਜਾਂ ਉਸਨੂੰ ਨੌਕਰੀ ਤੋਂ ਕੱਢਣ ਸਬੰਧੀ ਤੁਰੰਤ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇਗਾ।
2. ਸੰਸਥਾ ਵਿਚ ਦਾਖਲਾ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਨੀਤੀ ਅਨੁਸਾਰ ਹੀ ਕੀਤਾ ਜਾਵੇਗਾ।
3. ਦਾਖਲ ਕੀਤੇ ਸਿੱਖਿਆਰਥੀਆਂ ਦੇ ਇੱਕ ਸੈਸ਼ਨ ਦੌਰਾਨ ਐਨ.ਸੀ.ਟੀ.ਈ. ਦੇ ਨਾਰਮ ਅਨੁਸਾਰ ਲੈਕਚਰ ਪੂਰੇ ਹੋਣੇ ਚਾਹੀਦੇ ਹਨ।
4. ਸਿੱਖਿਆਰਥੀਆਂ ਵੱਲੋਂ ਡੀ.ਐਲ.ਐਡ. ਕੋਰਸ ਵਿਚ ਦਾਖਲੇ ਲਈ ਅਪਲਾਈ ਕਰਨ ਦੀ ਮਿਤੀ ਉਨ੍ਹਾਂ ਦੀ ਵਿਦਿਅਕ ਯੋਗਤਾ ਰਾਜ ਸਰਕਾਰ ਵੱਲੋਂ ਨਿਰਧਾਰਤ ਕੀਤੀ ਯੋਗਤਾ ਅਨੁਸਾਰ ਪੂਰੀ ਹੋਣੀ ਚਾਹੀਦੀ ਹੈ।
5. ਦਾਖਲ ਕੀਤੇ ਗਏ ਸਿੱਖਿਆਰਥੀਆਂ ਤੋਂ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਫੀਸ ਹੀ ਲਈ ਜਾਵੇਗੀ।
6. ਇਹ ਐਫਲੀਏਸ਼ਨ ਨਿਯਮਾਂ ਦੀ ਉਲੰਘਣਾ ਕਰਨ ਦੀ ਸੂਰਤ ਵਿਚ ਕਿਸੇ ਸਮੇਂ ਵੀ ਵਾਪਿਸ ਲਈ ਜਾ ਸਕਦੀ ਹੈ। ਐਨ.ਸੀ.ਟੀ.ਈ. ਵੱਲੋਂ ਦਿੱਤੀ ਰਿਕੋਗਨਾਈਜੇਸ਼ਨ ਵਾਪਸ ਲੈਣ ਤੇ ਇਹ ਐਫਲੀਏਸ਼ਨ ਰੱਦ ਸਮਝੀ ਜਾਵੇਗੀ; ਇਸ ਸਬੰਧੀ ਵੱਖਰੇ ਤੌਰ ਤੇ ਹੁਕਮ ਜਾਰੀ ਨਹੀਂ ਕੀਤੇ ਜਾਣਗੇ। ਮੁੜ ਰਿਕੋਗਨਾਈਜੇਸ਼ਨ ਮਿਲਣ ਉਪਰੰਤ ਮੁੜ ਐਫਲੀਏਸ਼ਨ ਲੈਣੀ ਪਵੇਗੀ।
7. ਜੇਕਰ ਜ਼ਮੀਨ ਸੁਸਾਇਟੀ/ਟਰੱਸਟ ਦੇ ਨਾਮ ਤੇ ਹੈ, ਜ਼ਮੀਨ ਛੇ ਮਹੀਨੇ ਦੇ ਅੰਦਰ-ਅੰਦਰ ਸੰਸਥਾ ਦੇ ਨਾਮ ਤੇ ਕਰਨੀ ਯਕੀਨੀ ਬਣਾਇਆ ਜਾਵੇ। ਇਹ ਕਾਰਵਾਈ ਕਰਕੇ ਜ਼ਮੀਨ ਦੇ ਨਵੇਂ ਕਾਗਜ਼ਾਤ ਦੀ ਕਾਪੀ ਨਿਸਚਿਤ ਸਮੇਂ ਦੇ ਅੰਦਰ-ਅੰਦਰ ਰਿਜਨਲ ਕਮੇਟੀ ਅਤੇ ਇਸ ਦਫ਼ਤਰ ਨੂੰ ਭੇਜੀ ਜਾਵੇ। ਨਿਸਚਿਤ ਸਮੇਂ ਦੇ ਅੰਦਰ-2 ਇਹ ਕਾਰਵਾਈ ਨਾਂ ਕਰਨ ਦੀ ਸੂਰਤ ਵਿਚ ਇਸ ਦਫ਼ਤਰ ਵੱਲੋਂ ਰਿਕੋਗਨਾਈਜ਼ੇਸ਼ਨ/ਐਫਲੀਏਸ਼ਨ ਰੱਦ ਕਰਨ ਸਬੰਧੀ ਕਾਰਵਾਈ ਅਰੰਭ ਕੀਤੀ ਜਾਵੇਗੀ।
8. ਐਨ.ਸੀ.ਟੀ.ਈ. ਵੱਲੋਂ ਸਮੇਂ-2 ਸਿਰ ਨਿਰਧਾਰਤ ਕੀਤੇ ਨਾਰਮ ਇਸ ਸੰਸਥਾ ਤੇ ਲਾਗੂ ਹੋਣਗੇ। ਕਿਸੇ ਸਮੇਂ ਵੀ ਕਿਸੇ ਕਿਸਮ ਦੀ ਅਣਗਹਿਲੀ /ਕਮੀ ਪਾਏ ਜਾਣ ਤੇ ਇਹ ਐਫਲੀਏਸ਼ਨ ਰੱਦ ਕੀਤੀ ਜਾ ਸਕਦੀ ਹੈ।
9. ਇਸ ਦਫ਼ਤਰ ਦੀ ਵੈਬਸਾਇਟ www.scertpunjab.ac.in ਹਰ ਰੋਜ ਚੈਕ ਕੀਤੀ ਜਾਵੇ। ਵੈਬਸਾਇਟ ਵਿਚ ਇਸ ਦਫ਼ਤਰ ਵੱਲੋਂ ਮੰਗੀ ਗਈ ਸੂਚਨਾਂ ਤੁਰੰਤ ਇਸ ਦਫ਼ਤਰ ਨੂੰ ਉਪਲਬਧ ਕਰਵਾਈ ਜਾਵੇ।
10. ਐਨ.ਸੀ.ਟੀ.ਈ. ਵੱਲੋਂ ਜਾਰੀ ਰਿਕੋਗਨਾਈਜੇਸ਼ਨ ਪੱਤਰ ਵਿਚ ਦੱਸੀਆਂ ਸਾਰੀਆਂ ਸ਼ਰਤਾਂ ਦੀ ਪੂਰਤੀ ਕਰਨਾ ਵੀ ਯਕੀਨੀ ਬਣਾਇਆ ਜਾਵੇ।
11. ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਅੱਗ ਬੁਝਾਊ ਯੰਤਰਾਂ ਸਬੰਧੀ ਸਮੇਂ-2 ਤੇ ਸਰਟੀਫਿਕੇਟ ਪ੍ਰਾਪਤ ਕਰਕੇ ਭੇਜੇ ਜਾਣ।
12. ਸੁਸਾਇਟੀ/ ਟਰੱਸਟ ਵੱਲੋਂ ਸੰਸਥਾ ਚਲਾਉਣ ਲਈ ਸਰਕਾਰ ਤੋਂ ਕਿਸੇ ਕਿਸਮ ਦੀ ਸਹਾਇਤਾ ਦੀ ਮੰਗ ਨਹੀਂ ਕੀਤੀ ਜਾਵੇਗੀ।

ਸੁਖਦੇਵ ਸਿੰਘ
ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

ਚਲਦਾ ਪੰਨਾ-2

ਪਿੱਠ ਅੰਕਣ ਨੰ: 9/113-2012 ਡੀ (3) ਮਿਤੀ: ਐਸ.ਏ.ਐਸ.ਨਗਰ 08-07-2015

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸਿੱਖਿਆ-5 ਸ਼ਾਖਾ), ਸਿਵਲ ਸਕੱਤਰੇਤ-2, ਸੈਕਟਰ-9, ਚੰਡੀਗੜ੍ਹ।
2. ਸੁਪਰਡੰਟ ਪ੍ਰੀਖਿਆ ਸ਼ਾਖਾ।
3. ਚੇਅਰਮੈਨ ਦਸਮੇਸ਼ ਇੰਸਟੀਚਿਊਟ ਆਫ ਐਜੂਕੇਸ਼ਨ, ਪਲਾਟ ਨੰ: 127/1, 127/2, ਪਿੰਡ ਨੰਗਲ ਕਲਾਂ ਜਿਲ੍ਹਾ ਮਾਨਸਾ।

ਡਿਪਟੀ ਡਾਇਰੈਕਟਰ (ਮੁਲਅੰਕਣ)